ਪ੍ਰੈਸ ਨੋਟ

## ਖੇਤਾਂ ਵਿੱਚੋਂ ਟਰਾਂਸਫਾਰਮਰ, ਤਾਂਬਾ, ਮੋਟਰਾਂ ਚੋਰੀ ਕਰਨ ਵਾਲੇ ਗਿਰੋਹ ਦੇ 09 ਮੈਂਬਰ ਕਾਬੂ

## 156 ਕਿਲੋਗ੍ਰਾਮ ਤਾਂਬਾ, 5 ਖੋਲ੍ਹ ਟਰਾਂਸਫਾਰਮਰ, 02 ਟਰੈਕਟਰ ਸਮੇਤ ਟਰਾਲੇ, ਇੱਕ ਮੋਟਰਸਾਇਕਲ ਅਤੇ ਟੂਲ ਬਰਾਮਦ






ਸ੍ਰੀ ਮੁਕਤਸਰ ਸਾਹਿਬ ( )ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ ਪੰਜਾਬ, ਸ੍ਰੀ ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ. ਇੰਸਪੈਕਟਰ ਜਨਰਲ ਪੁਲਿਸ, ਫਰੀਦਕੋਟ ਰੇਂਜ, ਫਰੀਦਕੋਟ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐੱਸ. ਸੀਨੀਅਰ ਕਪਤਾਨ ਪੁਲਿਸ, ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ ਨਿਰਦੇਸ਼ ਹੇਠ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਕ੍ਰੀਮੀਨਲ ਵਿਅਕਤੀਆਂ/ਗੈਂਗਸਟਰਾਂ ਖਿਲਾਫ ਵਿੱਢੀ ਮੁਹਿੰਮ ਨੂੰ ਉਸ ਵਕਤ ਭਰਵਾਂ ਹੁੰਗਾਰਾਂ ਮਿਲਿਆ ਜਦੋ ਸ੍ਰੀ ਮਨਮੀਤ ਸਿੰਘ ਢਿੱਲੋਂ ਪੀ.ਪੀ.ਐੱਸ. ਕਪਤਾਨ ਪੁਲਿਸ (ਇੰਨਵੈ:)ਸ੍ਰੀ ਮੁਕਤਸਰ ਸਾਹਿਬ ਅਤੇ ਸ੍ਰੀ ਜਸਪਾਲ ਸਿੰਘ ਪੀ.ਪੀ.ਐੱਸ. ਉਪ ਕਪਤਾਨ ਪੁਲਿਸ (ਇੰਨਵੈ:) ਸ੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਹੇਠ ਇੰਸਪੈਕਟਰ ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਸ੍ਰੀ ਮੁਕਤਸਰ ਸਾਹਿਬ, ਸਬ-ਇੰਸਪੈਕਟਰ ਜਗਸੀਰ ਸਿੰਘ ਮੁੱਖ ਅਫਸਰ ਥਾਣਾ ਬਰੀਵਾਲਾ ਦੀਆਂ ਟੀਮਾਂ ਨੇ ਪੰਜਾਬ ਅਤੇ ਪੰਜਾਬ ਨਾਲ ਲੱਗਦੇ ਰਾਜਸਥਾਨ ਦੇ ਸਰਹੱਦੀ ਜਿਲ੍ਹਿਆਂ ਵਿੱਚ ਟਰਾਂਸਫਾਰਮਰਾਂ ਵਿੱਚੋ ਤਾਂਬਾ ਅਤੇ ਤੇਲ ਚੋਰੀ ਕਰਨ ਵਾਲੇ ਗਿਰੋਹ ਦੇ 09 ਮੈਂਬਰਾਂ ਨੂੰ ਸਮੇਤ 156 ਕਿਲੋਗ੍ਰਾਮ ਤਾਂਬਾ, 5 ਖੋਲ੍ਹ ਟਰਾਂਸਫਰ, 02 ਟਰੈਕਟਰ ਸਮੇਤ ਟਰਾਲੇ, ਇੱਕ ਮੋਟਰਸਾਇਕਲ ਅਤੇ ਟੂਲ ਬਰਾਮਦ ਟਰਾਂਸਫਰਮਰਾਂ ਨੂੰ ਖੋਲਣ ਲਈ ਵਰਤੇ ਜਾਂਦੇ ਟੂਲ ਦੇ ਕਾਬੂ ਕੀਤਾ ਗਿਆ।

ਜਿਲ੍ਹਾ ਪੁਲਿਸ ਮੁਖੀ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐੱਸ. ਵੱਲੋਂ ਜਾਣਕਾਰੀ ਦਿੰਦੇ ਹੋਏ ਕਿ ਮਿਤੀ 23.02.2024 ਨੂੰ ASI ਸੁਖਜੀਤ ਸਿੰਘ ਸੀ.ਆਈ.ਏ. ਸ੍ਰੀ ਮੁਕਤਸਰ ਸਾਹਿਬ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾ ਦੇ ਸਬੰਧ ਵਿੱਚ ਪਿੰਡ ਲੰਬੀ ਢਾਬ ਮੌਜੂਦ ਸੀ ਤਾਂ ਉਹਨਾਂ ਨੂੰ ਗੁਪਤ ਇਤਲਾਹ ਮਿਲੀ ਕਿ ਜਸਵੀਰ ਸਿੰਘ ਪੁੱਤਰ ਜੰਗੀਰ ਸਿੰਘ, ਬਲਵੰਤ ਸਿੰਘ, ਕੁਲਵੰਤ ਸਿੰਘ ਪੁੱਤਰਾਨ ਪ੍ਰੀਤਮ ਸਿੰਘ, ਜਗਤਾਰ ਸਿੰਘ ਉਰਫ ਤੇਜੂ, ਕਿਰਪਾਲ ਸਿੰਘ ਉਰਫ ਗੁੱਲੂ ਪੁੱਤਰਾਨ ਸੁੱਚਾ ਸਿੰਘ ਅਤੇ ਦਲੀਪ ਸਿੰਘ ਪੁੱਤਰ ਕ੍ਰਿਸ਼ਨ ਸਿੰਘ ਵਾਸੀਆਨ ਪਿੰਡ ਕਾਨਿਆਂਵਾਲੀ ਜੋ ਖੇਤਾਂ ਵਿੱਚ ਲੱਗੇ ਟਰਾਂਸਫਾਰਮਰਾਂ ਵਿੱਚੋ ਤਾਂਬਾ ਅਤੇ ਤੇਲ ਚੋਰੀ ਕਰਕੇ ਵੇਚਣ ਦੇ ਆਦੀ ਹਨ ਅਤੇ ਪਿਛਲੇ ਕਈ ਦਿਨਾਂ ਤੋ ਵੱਖ-ਵੱਖ ਪਿੰਡਾਂ ਦੇ ਖੇਤਾਂ ਵਿੱਚ ਲੱਗੇ ਟਰਾਸਫਾਰਮਰਾਂ ਵਿੱਚੋ ਤਾਂਬਾ ਚੋਰੀ ਕਰਕੇ ਲਿਆਏ ਹਨ ।' ਅੱਗੇ ਵੇਚਣ ਦੀ ਫਿਰਾਕ ਵਿੱਚ ਹਨ। ਜਿਸ ਤੇ ਪੁਲਿਸ ਵਿਭਾਗ ਵੱਲੋਂ ਤੁਰੰਤ ਕਾਰਵਾਈ ਕਰਦਿਆ ਮੁਕੱਦਮਾ ਨੰਬਰ 26 ਮਿਤੀ 23.02.2024 ਅ/ਧ 379/411 ਹਿੰ:ਦੰ: ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਬਰਖਿਲਾਫ ਉਕਤਾਨ ਵਿਅਕਤੀਆਂ ਦੇ ਦਰਜ ਰਜਿਸਟਰ eoe/ ਵੱਖ-ਵੱਖ ਟੀਮਾਂ ਬਣਾ ਕੇ ਟੈਕਨੀਕਲ ਸਹਾਇਤਾ ਅਤੇ ਹਿਊਮਨ ਇੰਟੈਲੀਜੈਂਸੀ ਦੀ ਮਦਦ ਨਾਲ ਮੁੱਕਦਮਾ ਦੇ ਦੋਸ਼ੀਆਂ ਨੂੰ ਸਮੇਤ 86 ਕਿਲੋ ਗ੍ਰਾਮ ਤਾਂਬਾ, ਟਰੈਕਟਰ ਸੋਨਾਲੀਕਾ, ਟਰਾਲੀ ਅਤੇ ਮੋਟਰਸਾਇਕਲ ਦੇ ਕਾਬੂ ਕੀਤਾ ਗਿਆ। ਇਸੇ ਤਰਾਂ ਹੌਲਦਾਰ ਸ਼ਮਿੰਦਰ ਸਿੰਘ ਥਾਣਾ ਬਰੀਵਾਲਾ ਨੂੰ ਇਤਲਾਹ ਮਿਲੀ ਕਿ ਰਾਮ ਜੀ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਕਾਨਿਆਂਵਾਲੀ, ਭੁਪਿੰਦਰ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਪਿੰਡ ਸਰੂਪ ਸਿੰਘ ਵਾਲਾ ਜਿਲ੍ਹਾ ਫਿਰੋਜ਼ਪੁਰ, ਧਰਮਿੰਦਰ ਸਿੰਘ, ਜੋਗਿੰਦਰ ਸਿੰਘ ਉਰਫ ਨੋਨੀ ਪੁੱਤਰਾਨ ਬਲਵੀਰ ਸਿੰਘ ਵਾਸੀਆਨ ਟਿੱਬਾ ਬਸਤੀ ਲੱਖੇਵਾਲੀ ਜੋ ਟਰਾਸਫਾਰਮਰਾਂ ਵਿੱਚ ਤਾਂਬਾ ਚੋਰੀ ਕਰਨ ਦੇ ਆਦੀ ਹਨ। ਜਿਸ ਤੇ ਮੁੱਕਦਮਾ ਨੰਬਰ 11 ਮਿਤੀ 23.02.2024 ਅ/ਧ 379/411 ਹਿੰ:ਦੰ: ਥਾਣਾ ਬਰੀਵਾਲਾ ਬਰਖਿਲਾਫ ਉਕਤਾਨ ਵਿਅਕਤੀਆਂ ਦੇ ਦਰਜ ਰਜਿਸਟਰ ਕੀਤਾ ਗਿਆ ਅਤੇ ਇਹਨ੍ਹਾਂ ਪਰ ਰੇਡ ਕਰਕੇ ਦੋਸ਼ੀਆਂ ਨੂੰ ਸਮੇਤ 70 ਕਿਲੋ ਤਾਂਬਾ, 05 ਖੋਲ ਟਰਾਂਸ਼ਫਾਰਮਰ ਅਤੇ ਟਰੈਕਟਰ ਟਰਾਲਾ ਦੇ ਕਾਬੂ ਕੀਤਾ ਗਿਆ, ਜਿਹਨਾਂ ਦੀ ਹੁਣ ਤੱਕ ਦੀ ਪੁੱਛਗਿੱਛ ਤੋ ਇਹ ਗੱਲ ਸਾਹਮਣੇ ਆਈ ਹੈ ਕਿ ਇਹਨਾਂ ਨੇ ਪਿਛਲੇ ਦਿਨਾਂ ਵਿੱਚ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਅਤੇ ਫਰੀਦਕੋਟ ਦੇ ਏਰੀਆ ਵਿੱਚ ਟਰਾਸਫਰਮਰ ਅਤੇ ਮੋਟਰਾਂ ਵਿੱਚੋ ਤਾਂਬਾ ਵਗੈਰਾ ਚੋਰੀ ਕੀਤਾ ਹੈ। ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਡੂੰਘਾਈ ਨਾਲ ਪੁੱਛਗਿੱਛ ਕਰਕੇ ਅਗਲੇਰੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾਵੇਗੀ।